**Vigilance Bureau Punjab**

# VIGILANCE NABS PSPCL JE, PRIVATE PERSON FOR ACCEPTING BRIBE

Chandigarh, May 15: State Vigilance Bureau arrested a Junior Engineer (JE) of PSPCL and his agent for accepting bribe of Rs. 8000.

Disclosing this here an official spokesperson of the Vigilance Bureau said JE Jaswinder Kumar posted at PSPCL Sub Division Mukandpur, SBS Nagar and a private person Joga Nand were arrested on the complaint of Pawanjeet Singh Sidhu of Village Gunachor in SBS Nagar district.

The complaint has approached the VB and alleged that the above said JE was demanding Rs. 10,000 for the installation of domestic power connection and the deal was struck on Rs. 8000.

After verifying his information, Vigilance team laid a trap and the accused JE and a private person arrested on the spot while accepting bribe of Rs. 8,000 from the complainant in the presence of two official witnesses.

He informed that a case under of Prevention of Corruption Act has been registered against the above said accused at VB police station Jalandhar and further investigations were under progress.

----------------

**ਵਿਜੀਲੈਂਸ ਬਿਓਰੋ ਪੰਜਾਬ**

# ਵਿਜੀਲੈਂਸ ਵੱਲੋਂ ਬਿਜਲੀ ਨਿਗਮ ਦਾ ਜੇ.ਈ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 15 ਮਈ: ਪੰਜਾਬ ਵਿਜੀਲੈਂਸ ਬਿਊਰੋ ਵਲੋ ਪੀ.ਐਸ.ਪੀ.ਸੀ.ਐਲ ਦੇ ਇਕ ਜੇ.ਈ ਅਤੇ ਪ੍ਰਾਈਵੇਟ ਵਿਅਕਤੀ ਨੂੰ 8000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸਬ ਡਵੀਜਨ ਮੁਕੰਦਪੁਰ, ਤਹਿਸੀਲ ਬੰਗਾ, ਜਿਲਾ ਐਸ.ਬੀ.ਐਸ ਨਗਰ ਵਿਖੇ ਤਾਇਨਾਤ ਜੂਨੀਅਰ ਇੰਜੀਨੀਅਰ ਜਸਵਿੰਦਰ ਕੁਮਾਰ ਨੂੰ ਸ਼ਿਕਾਇਤਕਰਤਾ ਪਵਨਜੀਤ ਸਿੰਘ ਸਿੱਧੂ ਵਾਸੀ ਪਿੰਡ ਗੁਣਾਚੋਰ, ਜਿਲਾ ਐਸ.ਬੀ.ਐਸ ਨਗਰ ਦੀ ਸ਼ਿਕਾਇਤ 'ਤੇ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸਦੇ ਰਿਹਾਇਸ਼ੀ ਮਕਾਨ ਲਈ ਨਵਾਂ ਬਿਜਲੀ ਦਾ ਕੁਨੈਕਸ਼ਨ ਲਾਉਣ ਲਈ ਜੇ.ਈ 10,000 ਰੁਪਏ ਦੀ ਮੰਗ ਕਰ ਰਿਹਾ ਹੈ ਅਤੇ ਸੌਦਾ 8000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਅਤੇ ਪ੍ਰਾਈਵੇਟ ਵਿਕਅਤੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਉਕਤ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7,13 (2) ਅਤੇ 120-ਬੀ ਆਈ.ਪੀ.ਸੀ ਤਹਿਤ ਜਲੰਧਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----------------